# ਪੰਜਾਬ ਸਟੇਟ ਮਿਡ ਡੇ ਮੀਲ ਸੋਸਾਇਟੀ

ਪੰਜਾਬ ਸਕੂਲ ਸਿੱਖਿਆ ਬੋਰਡ ਕੰਪਲੈਕਸ, ਪੰਜਵੀਂ ਮੰਜਿਲ, ਜ਼ਿਲ੍ਹਾ ਐਸ.ਏ.ਐਸ. ਨਗਰ (ਮੋਹਾਲੀ).
ਫੋਨ ਨੰ :0172-5212307,2210019
E-mail-id-mdmpunjab@punjabeducation.gov.in

ਵੱਲ,

ਸਮੂਹ ਜ਼ਿਲ੍ਹਾ ਸਿੱਖਿਆ ਅਫਸਰ (ਸੈ.ਸਿ.)
ਸਮੂਹ ਜ਼ਿਲ੍ਹਾ ਸਿੱਖਿਆ ਅਫਸਰ (ਐ.ਸਿ.)
ਸਮੂਹ ਸਕੂਲ ਮੁੱਖੀ (ਵੈਬਸਾਇਟ ਰਾਹੀਂ)

ਮੀਮੋ ਨੰ.ਐਮ.ਡੀ.ਐਮ.ਐਸ./ਜੀ.ਐਮ./2024/120197
ਮਿਤੀ 16/05/2024

**ਵਿਸ਼ਾ:-** **ਸਕੂਲਾਂ ਵਿੱਚ ਦੁਪਹਿਰ ਦਾ ਭੋਜਨ ਹਫਤਾਵਾਰੀ ਮੀਨੂੰ ਅਨੁਸਾਰ ਦੇਣ ਸਬੰਧੀ।**

ਹਵਾਲਾ:- ਅਖ਼ਬਾਰ ਵਿੱਚ ਪ੍ਰਕਾਸ਼ਿਤ ਖ਼ਬਰ ਦੇ ਸਬੰਧ ਵਿੱਚ (ਕਾਪੀ ਨੱਥੀ)

ਉਕਤ ਖ਼ਬਰ ਅਨੁਸਾਰ ਦਫਤਰ ਦੇ ਧਿਆਨ ਵਿੱਚ ਆਇਆ ਹੈ ਕਿ ਸਕੂਲਾਂ ਵਿੱਚ ਦੁਪਹਿਰ ਦਾ ਭੋਜਨ ਨਿਰਧਾਰਤ ਮੀਨੂੰ ਅਨੁਸਾਰ ਨਹੀਂ ਬਣਾਇਆ ਜਾ ਰਿਹਾ, ਵਿਦਿਆਰਥੀਆਂ ਦੀ ਹਾਜਰੀ ਸਮੇਂ ਸਿਰ ਅਤੇ ਐਪ ਵਿੱਚ ਦਰਜ ਨਹੀਂ ਕੀਤੀ ਜਾ ਰਹੀ, ਜਿਸ ਦੇ ਨਤੀਜੇ ਵਜੋਂ ਖਦਸ਼ਾ ਰਹਿੰਦਾ ਹੈ ਕਿ ਵਿਦਿਆਰਥੀਆਂ ਦੀ ਹਾਜਰੀ ਵਿੱਚ ਹੇਰ-ਫੇਰ ਹੋ ਸਕਦਾ ਹੈ, ਇਸ ਲਈ ਆਪ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਇਹ ਸੁਨਿਸਚਿਤ ਕੀਤਾ ਜਾਵੇ ਕਿ ਵਿਦਿਆਰਥੀਆਂ ਦੀ ਹਾਜਰੀ ਮੁਤਾਬਕ ਨਿਰਧਾਰਤ ਹਫਤਾਵਾਰੀ ਮੀਨੂੰ ਅਨੁਸਾਰ ਹੀ ਮਿਡ ਡੇ ਮੀਲ ਵਿਦਿਆਰਥੀਆਂ ਨੂੰ ਦਿੱਤਾ ਜਾਵੇ।

2.0 ਜ਼ਿਲ੍ਹਾ ਅਤੇ ਬਲਾਕ ਦਫਤਰਾਂ ਅਧੀਨ ਕੰਮ ਕਰਦੇ ਅਧਿਕਾਰੀਆਂ ਨੂੰ ਸਖਤ ਹਦਾਇਤ ਕੀਤੀ ਜਾਂਦੀ ਹੈ ਕਿ ਆਪਣੇ ਅਧੀਨ ਆਉਂਦੇ ਸਕੂਲਾਂ ਦੀ ਅਚਨਚੇਤ ਚੈਕਿੰਗ ਕਰਕੇ ਮਹੀਨਾਵਾਰ ਰਿਪੋਰਟ ਟਿੱਪਣੀ ਸਮੇਤ ਮੁੱਖ ਦਫਤਰ ਨੂੰ ਭੇਜਣੀ ਯਕੀਨੀ ਬਣਾਈ ਜਾਵੇ।

3.0 ਚੈਕਿੰਗ ਦੌਰਾਨ ਜੇਕਰ ਕਿਸੇ ਸਕੂਲ ਵਿੱਚ ਹਦਾਇਤਾਂ ਦੀ ਉਲੰਘਣਾ ਪਾਈ ਗਈ ਤਾਂ ਉਸਦੀ ਨਿਰੋਲ ਜਿੰਮੇਵਾਰੀ ਸਕੂਲ ਮੁੱਖੀ/ਮਿਡ ਡੇ ਮੀਲ ਇੰਚਾਰਜ ਦੀ ਹੋਵੇਗੀ।

ਜਨਰਲ ਮੈਨੇਜਰ

**ਪਿੱ.ਅੰ.ਨੰ.ਐਮ.ਡੀ.ਐਮ.ਐਸ./ਜੀ.ਐਮ./2024/120198** **ਮਿਤੀ 15/05/2024**

ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ/ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ:-

1) ਸਮੂਹ ਉੱਪ ਜਿਲ੍ਹਾ ਸਿੱਖਿਆ ਅਫਸਰ (ਐ.ਸਿ.)
2) ਸਮੂਹ ਸਹਾਇਕ ਬਲਾਕ ਮੈਨੇਜਰ/ਮਿਡ ਡੇ ਮੀਲ ਇੰਚਾਰਜ

ਜਨਰਲ ਮੈਨੇਜਰ

# ਸਕੂਲਾਂ 'ਚ ਬੱਚਿਆਂ ਨੂੰ ਮਿਡ-ਡੇ-ਮੀਲ ਹਫਤਾਵਾਰੀ ਮੀਨੂੰ ਅਨੁਸਾਰ ਦੇਣ ਦੀ ਮੰਗ

## * ਚੰਦ ਛਿੱਲੜਾਂ ਦੀ ਖਾਤਰ ਬੱਚੇ ਪੌਸ਼ਟਿਕ ਭੋਜਨ ਤੋਂ ਰੱਖੇ ਜਾਂਦੇ ਨੇ ਵਾਂਝੇ



ਵਰਕਾ (ਹਰਮਿੰਦਰ ਸਿੰਘ ਰਾਣਾ) ਸਰਕਾਰੀ ਸਕੂਲਾਂ ਵਿੱਚ ਪੜ੍ਹਨ ਵਾਲੇ ਵਿਦਿਆਰਥੀਆਂ ਨੂੰ ਜਾਰੀ ਕੀਤੇ ਗਏ ਹਫਤਾਵਾਰੀ ਮੀਨੂੰ ਅਨੁਸਾਰ ਕਈ ਦਿਨ ਸਕੂਲਾਂ ਵੱਲੋਂ ਮਿਡ-ਡੇ-ਮੀਲ ਖਾਣਾ ਨਹੀਂ ਦਿੱਤਾ ਜਾ ਰਿਹਾ। ਉਨ੍ਹਾਂ ਵੱਲੋਂ ਸਰਕਾਰ ਦੀਆਂ ਹਦਾਇਤਾਂ ਨੂੰ ਨਜ਼ਰਅੰਦਾਜ਼ ਕਰਦੇ ਹੋਏ ਆਪਣੀ ਮਨਮਰਜ਼ੀ ਮੁਤਾਬਿਕ ਮਿਡ-ਡੇ-ਮੀਲ ਖਾਣਾ ਖੁਆਇਆ ਜਾਂਦਾ ਹੈ ਜੋ ਸਰਕਾਰੀ ਸਕੂਲਾਂ ਵਿੱਚ ਪੜ੍ਹਨ ਵਾਲੇ ਗਰੀਬ ਤੇ ਲੋੜਵੰਦ ਵਿਦਿਆਰਥੀਆਂ ਨਾਲ [illegible] ਹੈ। ਇਸ ਸੰਬੰਧੀ ਸਮਾਜਿਕ ਨਿਆਂ, ਸਸ਼ਕਤੀਕਰਨ ਵੈਲਫੇਅਰ ਐਸੋਸੀਏਸ਼ਨ ਅੰਮ੍ਰਿਤਸਰ (ਪੰਜਾਬ) ਦੇ ਜ਼ਿਲਾ ਪ੍ਰਧਾਨ ਮਹਿੰਦਰ ਸਿੰਘ ਸਰਕਾਰੀਆ, ਪ੍ਰਿੰ. ਜਗਤਾਰ ਸਿੰਘ ਮਜੀਠਾ, ਲੋਕਪਾਲ ਸੁਖਵਿੰਦਰ ਸਿੰਘ ਸਹੋਤਾ ਅਤੇ ਸੂਬਾਈ ਪ੍ਰੈਸ ਸਕੱਤਰ ਹਰਮਿੰਦਰ ਸਿੰਘ ਰਾਣਾ (ਬੁਮੀਪੁਰ) ਨੇ ਰਾਜ ਦੇ ਮਾਨਯੋਗ ਮੁੱਖ ਮੰਤਰੀ ਪੰਜਾਬ ਸਰਕਾਰ, ਮਾਨਯੋਗ ਪ੍ਰਮੁੱਖ ਸਿੱਖਿਆ ਸਕੱਤਰ ਪੰਜਾਬ ਸਰਕਾਰ ਚੰਡੀਗੜ੍ਹ, ਜਨਰਲ ਮੈਨੇਜਰ ਪੰਜਾਬ ਮਿਡ-ਡੇ-ਮੀਲ ਸੁਸਾਇਟੀ ਅਜੀਤਗੜ੍ਹ, ਜ਼ਿਲਾ ਮੈਜਿਸਟ੍ਰੇਟ ਅੰਮ੍ਰਿਤਸਰ ਅਤੇ ਜ਼ਿਲਾ ਸਿੱਖਿਆ ਅਫਸਰ (ਐਲੀ. ਸ.) ਅੰਮ੍ਰਿਤਸਰ ਪਾਸੋਂ ਪੰਜਾਬ ਸਟੇਟ ਮਿਡ-ਡੇ-ਮੀਲ ਸੁਸਾਇਟੀ ਅਜੀਤਗੜ੍ਹ ਵੱਲੋਂ ਜਾਰੀ ਕੀਤੀਆਂ ਹਦਾਇਤਾਂ ਵਿੱਚ ਦਰਸਾਏ ਗਏ ਹਫਤਾਵਾਰੀ ਮੀਨੂੰ ਅਨੁਸਾਰ ਹੀ ਬੱਚਿਆਂ ਨੂੰ ਮਿਡ-ਡੇ-ਮੀਲ ਖਾਣਾ ਦਿੱਤੇ ਜਾਣ ਦੀ ਮੰਗ ਕੀਤੀ ਹੈ। ਉਨ੍ਹਾਂ ਦੱਸਿਆ ਕਿ ਪੰਜਾਬ ਰਾਜ ਮਿਡ-ਡੇ-ਮੀਲ ਸੁਸਾਇਟੀ ਅਜੀਤਗੜ੍ਹ ਵੱਲੋਂ ਜਾਰੀ ਕੀਤੀਆਂ ਗਈਆਂ ਹਦਾਇਤਾਂ (ਮਿਡ-ਡੇ-ਮੀਲ ਮੀਨੂੰ) ਮੁਤਾਬਿਕ ਕ੍ਰਮਵਾਰ ਸੋਮਵਾਰ ਦਾਲ (ਮੌਸਮੀ ਸਬਜ਼ੀਆਂ ਮਿਲਾ ਕੇ) ਅਤੇ ਰੋਟੀ, ਮੰਗਲਵਾਰ ਰਾਜਮਾਂਹ ਅਤੇ ਚਾਵਲ, ਬੁੱਧਵਾਰ ਕਾਲੇ ਚਨੇ/ਚਿੱਟੇ ਚਨੇ (ਆਲੂ ਮਿਲਾ ਕੇ) ਅਤੇ ਪੂਰੀ/ਰੋਟੀ, ਵੀਰਵਾਰ ਕੜ੍ਹੀ (ਆਲੂ ਅਤੇ ਪਿਆਜ਼ ਦੇ ਪਕੌੜਿਆਂ ਸਮੇਤ) ਅਤੇ ਚਾਵਲ, ਸ਼ੁੱਕਰਵਾਰ ਮੌਸਮੀ ਸਬਜ਼ੀ ਅਤੇ ਰੋਟੀ, ਸ਼ਨੀਵਾਰ ਦਾਲ (ਮੌਸਮੀ ਸਬਜ਼ੀਆਂ ਮਿਲਾ ਕੇ) ਅਤੇ ਚਾਵਲ ਅਤੇ ਮੌਸਮੀ ਫਲ. ਇਸ ਤੋਂ ਇਲਾਵਾ ਸਕੂਲਾਂ ਵਿੱਚ ਹਫਤੇ ਦੌਰਾਨ ਕਿਸੇ ਵੀ ਦਿਨ ਮਿਡ-ਡੇ-ਮੀਲ ਦੇ ਖਾਣੇ ਨਾਲ ਸਵੀਟਡਿਸ਼ ਦੇ ਤੌਰ 'ਤੇ ਖੀਰ ਦਿੱਤੀ ਜਾਣੀ ਹੈ। ਇਹ ਮੀਨੂੰ 1 ਮਈ 2024 ਤੋਂ 31 ਮਈ 2024 ਤੱਕ ਲਾਗੂ ਕੀਤਾ ਗਿਆ ਹੈ।

ਉਕਤ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕਰਨਾ ਯਕੀਨੀ ਹੈ। ਪ੍ਰੰਤੂ ਉਨ੍ਹਾਂ ਕਿਹਾ ਕਿ ਕੁਝ ਇਕ ਸਕੂਲ ਮੁਖੀਆਂ ਵੱਲੋਂ ਚੰਦ ਛਿੱਲੜਾਂ ਦੀ ਖਾਤਰ ਬੱਚਿਆਂ ਨੂੰ ਸਰਕਾਰ ਦੇ ਅਨੁਸਾਰ ਪੌਸ਼ਟਿਕ ਅਹਾਰ ਨਾ ਮੁਹੱਈਆ ਕਰਵਾ ਕੇ ਉਪਰੋਕਤ ਨਿਯਮਾਂ ਦੀ ਸ਼ਰੇਆਮ ਉਲੰਘਣਾ ਕੀਤੀ ਜਾ ਰਹੀ ਹੈ। ਇੱਥੇ ਹੀ ਬੱਸ ਨਹੀਂ, ਕਈ ਸਕੂਲ ਤਾਂ ਬੱਚਿਆਂ ਦੀ ਬੋਗਸ/ਜਾਅਲੀ ਹਾਜ਼ਰੀ ਦਿਖਾ ਕੇ ਚੋਖੀ ਲੁੱਟ ਕਰਦੇ ਹਨ।

ਇਸ ਬਾਬਤ ਸਮਾਜਿਕ ਨਿਆਂ, ਸਸ਼ਕਤੀਕਰਨ ਵੈਲਫੇਅਰ, ਐਸੋਸੀਏਸ਼ਨ ਅੰਮ੍ਰਿਤਸਰ (ਪੰਜਾਬ) ਦੇ ਉਕਤ ਜਥੇਬੰਦਕ ਆਗੂਆਂ ਨੇ ਬੱਚਿਆਂ ਦੇ ਹੁੰਦੇ ਸ਼ੋਸ਼ਣ ਨੂੰ ਫ਼ੌਰਨ ਠੱਲ੍ਹ ਪਾਉਣ ਅਤੇ ਸਰਕਾਰ ਦੇ ਨਿਯਮਾਂ ਅਨੁਸਾਰ ਉਨ੍ਹਾਂ ਨੂੰ ਪੌਸ਼ਟਿਕ ਭੋਜਨ ਮਿਲੇ, ਯਕੀਨਨ ਕਰਨ ਦੀ ਮੰਗ ਕੀਤੀ ਹੈ।

ਦਫਤਰ ਜਿਲ੍ਹਾ ਸਿੱਖਿਆ ਅਫਸਰ (ਸੈ.ਸਿ) ਬਠਿੰਡਾ

ਪਿਠ ਅੰਕਣ ਨੰ :ਜੀ-1/1( )2024/ 9031 ਮਿਤੀ:17/05/2024

ਉਕਤ ਦਾ ਉਤਾਰਾ ਸਮੂਹ ਸਕੂਲ ਮੁੱਖੀਆਂ ਨੂੰ ਭੇਜਕੇ ਲਿਖਿਆ ਜਾਂਦਾ ਹੈ ਕਿ ਉਕਤ ਪੱਤਰ ਵਿਚ ਦਰਜ ਹਦਾਇਤਾਂ ਦੀ ਪਾਲਣਾ ਕਰਨੀ ਯਕੀਨੀ ਬਣਾਈ ਜਾਵੇ ।

ਜਿਲ੍ਹਾ ਸਿੱਖਿਆ ਅਫਸਰ (ਸੈ.ਸਿ)
ਬਠਿੰਡਾ ।